**ਕਬੀਰੁ ॥ ਮਾਰੂ ॥ ਰਾਮੁ ਸਿਮਰੁ ਪਛੁਤਾਹਿਗਾ ਮਨ ॥ ਪਾਪੀ ਜੀਅਰਾ ਲੋਭੁ ਕਰਤੁ ਹੈ ਆਜੁ ਕਾਲਿ ਉਠਿ ਜਾਹਿਗਾ ॥੧॥ ਰਹਾਉ ॥ ਲਾਲਚ ਲਾਗੇ ਜਨਮੁ ਗਵਾਇਆ ਮਾਇਆ ਭਰਮ ਭੁਲਾਹਿਗਾ ॥ ਧਨ ਜੋਬਨ ਕਾ ਗਰਬੁ ਨ ਕੀਜੈ ਕਾਗਦ ਜਿਉ ਗਲਿ ਜਾਹਿਗਾ ॥੧॥ ਜਉ ਜਮੁ ਆਇ ਕੇਸ ਗਹਿ ਪਟਕੈ ਤਾ ਦਿਨ ਕਿਛੁ ਨ ਬਸਾਹਿਗਾ ॥ ਸਿਮਰਨੁ ਭਜਨੁ ਦਇਆ ਨਹੀ ਕੀਨੀ ਤਉ ਮੁਖਿ ਚੋਟਾ ਖਾਹਿਗਾ ॥੨॥ ਧਰਮ ਰਾਇ ਜਬ ਲੇਖਾ ਮਾਗੈ ਕਿਆ ਮੁਖੁ ਲੈ ਕੈ ਜਾਹਿਗਾ ॥ ਕਹਤੁ ਕਬੀਰੁ ਸੁਨਹੁ ਰੇ ਸੰਤਹੁ ਸਾਧਸੰਗਤਿ ਤਰਿ ਜਾਂਹਿਗਾ ॥੩॥੧॥ {ਪੰਨਾ 1106}**

ਪਦਅਰਥ:- ਮਨ—ਹੇ ਮਨ! ਜੀਅਰਾ—ਕਮਜ਼ੋਰ ਜਿੰਦ। ਆਜੁ ਕਾਲਿ—ਅੱਜ-ਭਲਕ, ਛੇਤੀ ਹੀ।1। ਰਹਾਉ।

ਗਰਬੁ—ਮਾਣ। ਜਿਉ—ਵਾਂਗ।1।

ਗਹਿ—ਫੜ ਕੇ। ਨ ਬਸਾਹਿਗਾ—ਪੇਸ਼ ਨਹੀਂ ਜਾਇਗੀ। ਮੁਖਿ—ਮੂੰਹ ਉਤੇ।2।

ਕਿਆ ਮੁਖੁ ਲੈ ਕੇ—ਕਿਹੜੇ ਮੂੰਹ ਨਾਲ?।3।

ਅਰਥ:- ਹੇ ਮਨ! (ਹੁਣ ਹੀ ਵੇਲਾ ਹੈ) ਪ੍ਰਭੂ ਦਾ ਸਿਮਰਨ ਕਰ, (ਨਹੀਂ ਤਾਂ ਸਮਾ ਵਿਹਾ ਜਾਣ ਤੇ) ਅਫ਼ਸੋਸ ਕਰੇਂਗਾ। ਵਿਕਾਰਾਂ ਵਿਚ ਫਸੀ ਹੋਈ ਤੇਰੀ ਕਮਜ਼ੋਰ ਜਿੰਦ (ਧਨ ਪਦਾਰਥ ਦਾ) ਲੋਭ ਕਰ ਰਹੀ ਹੈ, ਪਰ ਤੂੰ ਥੋੜੇ ਹੀ ਦਿਨਾਂ ਵਿਚ (ਇਹ ਸਭ ਕੁਝ ਛੱਡ ਕੇ ਇੱਥੋਂ) ਤੁਰ ਜਾਏਂਗਾ।1। ਰਹਾਉ।

ਹੇ ਮਨ! ਤੂੰ ਲਾਲਚ ਵਿਚ ਫਸ ਕੇ ਜੀਵਨ ਅਜਾਈਂ ਗਵਾ ਰਿਹਾ ਹੈਂ, ਮਾਇਆ ਦੀ ਭਟਕਣਾ ਵਿਚ ਖੁੰਝਿਆ ਫਿਰਦਾ ਹੈਂ। ਨਾਹ ਕਰ ਇਹ ਮਾਣ ਧਨ ਤੇ ਜੁਆਨੀ ਦਾ, (ਮੌਤ ਆਉਣ ਤੇ) ਕਾਗ਼ਜ਼ ਵਾਂਗ ਗਲ ਜਾਏਂਗਾ।1।

ਹੇ ਮਨ! ਜਦੋਂ ਜਮ ਨੇ ਆ ਕੇ ਕੇਸਾਂ ਤੋਂ ਫੜ ਕੇ ਤੈਨੂੰ ਭੁੰਞੇ ਪਟਕਾਇਆ, ਤਦੋਂ ਤੇਰੀ (ਉਸ ਅੱਗੇ) ਕੋਈ ਪੇਸ਼ ਨਹੀਂ ਜਾਇਗੀ। ਤੂੰ ਹੁਣ ਪ੍ਰਭੂ ਦਾ ਸਿਮਰਨ ਭਜਨ ਨਹੀਂ ਕਰਦਾ, ਤੂੰ ਦਇਆ ਨਹੀਂ ਪਾਲਦਾ, ਮਰਨ ਵੇਲੇ ਦੁਖੀ ਹੋਵੇਂਗਾ।2।

ਹੇ ਮਨ! ਜਦੋਂ ਧਰਮਰਾਜ ਨੇ (ਤੈਥੋਂ ਜੀਵਨ ਵਿਚ ਕੀਤੇ ਕੰਮਾਂ ਦਾ) ਹਿਸਾਬ ਮੰਗਿਆ, ਤਾਂ ਕੀਹ ਮੂੰਹ ਲੈ ਕੇ ਉਸ ਦੇ ਸਾਹਮਣੇ ਹੋਵੇਂਗਾ? ਕਬੀਰ ਆਖਦਾ ਹੈ—ਹੇ ਸੰਤ ਜਨੋ! ਸੁਣੋ, ਸਾਧ-ਸੰਗਤ ਵਿਚ ਰਹਿ ਕੇ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘੀਦਾ ਹੈ।3।1।

ਨੋਟ:- ਸਾਧਾਰਨ ਤੌਰ ਤੇ ਮੌਤ ਦਾ ਜ਼ਿਕਰ ਕਰਦੇ ਹੋਏ ਕਬੀਰ ਜੀ ਮੁਹਾਵਰੇ ਦੇ ਤੌਰ ਤੇ ਲਿਖਦੇ ਹਨ "ਜਉ ਜਮ ਆਇ ਕੇਸ ਗਹਿ ਪਟਕੈ", ਭਾਵ, ਕੇਸਾਂ ਦਾ ਜ਼ਿਕਰ ਕਰਦੇ ਹਨ। ਇਹ ਮੁਹਾਵਰਾ ਉਹਨਾਂ ਦੀ ਰੋਜ਼ਾਨਾ ਬੋਲ-ਚਾਲ ਦਾ ਹਿੱਸਾ ਬਣ ਜਾਣਾ ਹੀ ਦੱਸਦਾ ਹੈ ਕਿ ਕਬੀਰ ਜੀ ਦੇ ਸਿਰ ਉੱਤੇ ਸਾਬਤ ਕੇਸ ਸਨ। ਇਸੇ ਹੀ ਰਾਗ ਦੇ ਸ਼ਬਦ ਨੰ: 6 ਵਿਚ ਭੀ ਵੇਖੋ "ਜਬ ਜਮੁ ਆਇ ਕੇਸ ਤੇ ਪਕਰੈ"।

ਸ਼ਬਦ ਦਾ ਭਾਵ:- ਦੁਨੀਆ ਦੇ ਕੂੜੇ ਮਾਣ ਵਿਚ ਭੁੱਲ ਕੇ ਪਰਮਾਤਮਾ ਦੀ ਬੰਦਗੀ ਵਲੋਂ ਖੁੰਝਣਾ ਮੂਰਖਤਾ ਹੈ, ਪਛਤਾਣਾ ਪੈਂਦਾ ਹੈ।